# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-08-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਲੋਬਲ ਸਾਊਥ ਦੇ ਦੇਸ਼ਾਂ ਵਿੱਚ ਸੰਤੁਲਿਤ ਅਤੇ ਸਮਾਵੇਸ਼ੀ ਵਿਕਾਸ ਲਈ ਇੱਕ ਵਿਆਪਕ ਆਲਮੀ ਵਿਕਾਸ ਸਮਝੌਤੇ ਲਈ ਵਚਨਬੱਧਤਾ ਪ੍ਰਗਟਾਈ ਏ । ਸ਼੍ਰੀ ਮੋਦੀ ਨੇ ਗਲੋਬਲ ਸਾਊਥ ਦੇ ਦੇਸ਼ਾਂ ਨੂੰ, ਇੱਕਜੁੱਟ ਹੋਣ ਅਤੇ ਇੱਕ ਦੂਜੇ ਦੀ ਤਾਕਤ ਬਣਨ ਦਾ ਸੱਦਾ ਦਿੱਤਾ। ਪ੍ਰਧਾਨ ਮੰਤਰੀ ਨੇ 'ਤੀਜੀ ਵੋਇਸ ਆਫ ਗਲੋਬਲ ਸਾਊਥ' ਵਰਚੁਅਲ ਕਾਨਫਰੰਸ ਵਿੱਚ ਮੌਜੂਦਾ ਆਲਮੀ ਵਾਤਾਵਰਣ 'ਤੇ ਵੀ ਚਿੰਤਾ ਪ੍ਰਗਟ ਕੀਤੀ । ਉਨ੍ਹਾਂ ਇਸ ਸਮਝੌਤੇ ਬਾਰੇ ਕਿਹਾ -

---

ਭਾਰਤੀ ਮੈਡੀਕਲ ਐਸੋਸੀਏਸ਼ਨ ਨੇ ਕੋਲਕਾਤਾ ਦੇ ਆਰ ਜੀ ਕਰ ਮੈਡੀਕਲ ਕਾਲਜ ਮਾਮਲੇ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੋਂ ਦਖਲ ਦੇਣ ਦੀ ਮੰਗ ਕੀਤੀ ਗਈ ਏ ਤਾਂ ਜੋ ਸਿਹਤ ਕਰਮਚਾਰੀਆਂ ਦੀ

ਸੁਰੱਖਿਆ ਲਈ ਕੇਂਦਰੀ ਕਾਨੂੰਨ ਲਿਆਂਦਾ ਜਾ ਸਕੇ। ਹਸਪਤਾਲਾਂ ਵਿੱਚ ਡਾਕਟਰਾਂ ਸਮੇਤ ਸਾਰੇ ਸਿਹਤ ਕਰਮਚਾਰੀਆਂ ਨੂੰ ਲੈ ਕੇ ਭਾਰਤੀ ਮੈਡੀਕਲ ਐਸੋਸੀਏਸ਼ਨ ਨੇ ਸਰਕਾਰ ਤੋਂ ਮੰਗ ਕੀਤੀ ਏ ਕਿ ਹਸਪਤਾਲਾਂ ਦੀ ਸੁਰੱਖਿਆ ਦੇ ਪ੍ਰਬੰਧ ਹਵਾਈ ਅੱਡਿਆਂ ਵਾਂਗ ਹੋਣੇ ਚਾਹੀਦੇ ਨੇ। ਪ੍ਰਧਾਨ ਮੰਤਰੀ ਨੂੰ ਲਿਖੇ ਪੱਤਰ 'ਚ ਐਸੋਸੀਏਸ਼ਨ ਨੇ ਕਿਹਾ ਏ ਕਿ ਹਸਪਤਾਲ 'ਚ ਹੋਏ ਜਾਬਰ ਜਨਾਹ ਮਾਮਲੇ ਦੀ ਜਾਂਚ ਤੈਅ ਸਮਾਂ ਹੱਦ 'ਚ ਪੂਰੀ ਹੋਣੀ ਚਾਹੀਦੀ ਏ ਅਤੇ ਪੀੜਤ ਨੂੰ ਜਲਦੀ ਇਨਸਾਫ ਮਿਲਣਾ ਚਾਹੀਦਾ ਏ। ਇਸ ਦੌਰਾਨ, ਕੇਂਦਰ ਸਰਕਾਰ ਸਿਹਤ ਕਰਮਚਾਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਉਪਾਵਾਂ ਨੂੰ ਹੱਲ ਕਰਨ ਲਈ ਇੱਕ ਕਮੇਟੀ ਦਾ ਗਠਨ ਕਰੇਗੀ। ਸਰਕਾਰ ਨੇ ਇਹ ਫੈਸਲਾ ਫੈਡਰੇਸ਼ਨ ਆਫ ਰੈਜ਼ੀਡੈਂਟ ਡਾਕਟਰਜ਼ ਐਸੋਸੀਏਸ਼ਨ, ਇੰਡੀਅਨ ਮੈਡੀਕਲ ਐਸੋਸੀਏਸ਼ਨ ਅਤੇ ਸਿਹਤ ਨਾਲ ਸਬੰਧਤ ਹੋਰ ਧਿਰਾਂ ਦੀਆਂ ਚਿੰਤਾਵਾਂ ਤੋਂ ਬਾਅਦ ਲਿਆ ਏ। ਕੇਂਦਰ ਨੇ ਸੂਬਿਆਂ ਨੂੰ ਵੀ ਇਸ ਵਿਸ਼ੇ 'ਤੇ ਕਮੇਟੀ ਨੂੰ ਸੁਝਾਅ ਦੇਣ ਦੀ ਬੇਨਤੀ ਕੀਤੀ ਏ, ਜਿਸ ਵਿਚ ਕੇਂਦਰ ਸਰਕਾਰ ਨੇ ਬੀਤੇ ਸ਼ੁੱਕਰਵਾਰ ਨੂੰ ਇਕ ਨੋਟੀਫਿਕੇਸ਼ਨ ਜਾਰੀ ਕਰਕੇ, ਸਰਕਾਰੀ ਹਸਪਤਾਲਾਂ ਨੂੰ ਸਿਹਤ ਕਰਮਚਾਰੀਆਂ ਦੇ ਖਿਲਾਫ ਕਿਸੇ ਵੀ ਤਰ੍ਹਾਂ ਦੀ ਹਿੰਸਾ ਦੇ ਮਾਮਲੇ 'ਚ 6 ਘੰਟਿਆਂ ਦੇ ਅੰਦਰ ਐੱਫ.ਆਈ.ਆਰ ਦਰਜ ਕਰਨ ਦਾ ਨਿਰਦੇਸ਼ ਦਿੱਤਾ ਏ। ਏਧਰ ਪੰਜਾਬ

ਦੇ ਬਰਨਾਲਾ ਸ਼ਹਿਰ ਵਿਚ ਬੀਤੀ ਸ਼ਾਮ 6 ਵਜੇ ਤੋਂ ਬਾਅਦ, ਰੇਲਵੇ ਸਟੇਸ਼ਨ ਤੋਂ ਲੈ ਕੇ ਸਦਰ ਬਾਜ਼ਾਰ ਤੇ ਥਾਣਾ ਸਿਟੀ-ਇਕ ਦੇ ਸਾਹਮਣੇ ਸਮਾਜ ਸੇਵੀ ਜਥਬੰਦੀਆਂ ਨੇ, ਇਕ ਰੋਸ ਮਾਰਚ ਕਰਕੇ ਡਾਕਟਰ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਦੀ ਮੰਗ ਕੀਤੀ ਏ।

----------------------------------------------------

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਏ ਕਿ ਮੇਰਾ ਬਿੱਲ ਐਪ 'ਤੇ ਅਪਲੋਡ ਕੀਤੇ ਗਏ ਕੁੱਲ 97443 ਬਿੱਲਾਂ ਦੇ ਨਤੀਜੇ ਵਜੋਂ 2601 ਜੇਤੂਆਂ ਨੇ,ਇਕ ਕਰੋੜ 51 ਲੱਖ 62 ਹਜ਼ਾਰ 335 ਰੁਪਏ ਦੇ ਇਨਾਮ ਜਿੱਤੇ ਨੇ। ਇਕ ਪ੍ਰੈਸ ਬਿਆਨ ਵਿੱਚ ਉਨਾਂ ਕਿਹਾ ਕਿ ਇਸ ਯੋਜਨਾ ਨਾਲ ਕਰ ਪਾਲਣਾ ਵਿੱਚ ਵੀ ਮਹੱਤਵਪੂਰਨ ਵਾਧਾ ਹੋਇਆ ਏ ਅਤੇ ਯੋਜਨਾ ਤਹਿਤ ਬਿੱਲ ਜਾਰੀ ਕਰਨ ਵਿੱਚ ਬੇਨਿਯਮੀਆਂ ਲਈ ਦੋਸ਼ੀ ਪਾਏ ਜਾਣ ਵਾਲਿਆਂ ਨੂੰ 7 ਕਰੋੜ 92 ਲੱਖ 72 ਹਜ਼ਾਰ 741 ਰੁਪਏ ਦੇ ਜੁਰਮਾਨੇ ਕੀਤੇ ਗਏ ਨੇ। ਉਨਾਂ ਕਿਹਾ ਕਿ ਇਸ ਵਿੱਚੋਂ ਹੁਣ ਤੱਕ 6 ਕਰੋੜ 16 ਲੱਖ 98 ਹਜ਼ਾਰ 869 ਰੁਪਏ ਦੇ ਜੁਰਮਾਨੇ ਦੀ ਵਸੂਲੀ ਕੀਤੀ ਜਾ ਚੁੱਕੀ ਏ।

----------------------------------------------------

ਹਰਿਆਣਾ 'ਚ ਜਨਨਾਇਕ ਜਨਤਾ ਪਾਰਟੀ ਦੇ ਚਾਰ ਵਿਧਾਇਕਾਂ ਨੇ ਕਲ

ਪਾਰਟੀ ਤੋਂ ਅਸਤੀਫਾ ਦੇ ਦਿੱਤਾ। ਅਸਤੀਫਾ ਦੇਣ ਵਾਲੇ ਵਿਧਾਇਕਾਂ ਵਿੱਚ, ਉਕਲਾਨਾ ਵਿਧਾਨ ਸਭਾ ਹਲਕੇ ਤੋਂ ਅਨੂਪ ਧਾਨਕ, ਟੋਹਾਣਾ ਤੋਂ ਦੇਵੇਂਦਰ ਸਿੰਘ ਬਬਲੀ, ਗੁਹਲਾ-ਚੀਕਾ ਤੋਂ ਈਸ਼ਵਰ ਸਿੰਘ ਅਤੇ ਸ਼ਾਹਾਬਾਦ ਤੋਂ ਰਾਮਸ਼ਰਨ ਸ਼ਾਮਲ ਨੇ । ਸਾਲ 2019 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜੇ.ਜੇ.ਪੀ ਦੇ 10 ਵਿਧਾਇਕ ਸਨ। ਜੇ.ਜੇ.ਪੀ ਨੇ ਫਿਰ BJP ਨਾਲ ਗਠਜੋੜ ਕੀਤਾ, ਹਾਲਾਂਕਿ ਲੋਕ ਸਭਾ ਚੋਣਾਂ ਤੋਂ ਠੀਕ ਪਹਿਲਾਂ, ਇਹ ਗਠਜੋੜ ਟੁੱਟ ਗਿਆ ਅਤੇ ਜੇ.ਜੇ.ਪੀ ਦੇ ਉਮੀਦਵਾਰ ਲੋਕ ਸਭਾ ਚੋਣਾਂ ਵਿੱਚ ਇੱਕ ਵੀ ਸੀਟ ਹਾਸਲ ਨਹੀਂ ਕਰ ਸਕੇ ।

---------------------------------------------------------

ਫ਼ਰੀਦਕੋਟ ਦੇ ਜ਼ਿਲ੍ਹਾ ਚੋਣ ਅਫ਼ਸਰ ਵਿਨੀਤ ਕੁਮਾਰ ਨੇ ਦਸਿਆ ਏ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਸੂਬੇ ਵਿੱਚ ਹੋਣ ਵਾਲੀਆਂ ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ ਦੀਆਂ ਤਿਆਰੀਆਂ ਲਈ ਢੁਕਵੇਂ ਪ੍ਰਬੰਧ ਕੀਤੇ ਜਾ ਰਹੇ ਨੇ । ਉਨ੍ਹਾਂ ਦੱਸਿਆ ਕਿ ਪੰਚਾਇਤੀ ਚੋਣਾਂ ਵਿੱਚ ਵਰਤੋਂ ਲਈ ਵੋਟਰ ਸੂਚੀਆਂ ਦੀ ਯੋਗਤਾ ਤਰੀਕ ਪਹਿਲੀ ਜਨਵਰੀ 2023 ਦੇ ਆਧਾਰ ‘ਤੇ 7 ਜਨਵਰੀ 2024 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾ ਚੁੱਕੀ ਏ । ਉਨ੍ਹਾਂ ਕਿਹਾ ਕਿ ਵੋਟਰ ਸੂਚੀ ਨੂੰ

ਮਿਤੀ 29 ਦਸੰਬਰ 2023 ਤੱਕ ਆਮ ਲੋਕਾਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਕੇ ਅਤੇ 5 ਜਨਵਰੀ 2024 ਨੂੰ ਉਨ੍ਹਾਂ ਦਾ ਨਿਪਟਾਰਾ ਕਰਕੇ ਅੰਤਿਮ ਪ੍ਰਕਾਸ਼ਨਾ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਨੇ ਅਜੇ ਤੱਕ ਵੋਟਰ ਸੂਚੀਆਂ ਵਿੱਚ ਆਪਣਾ ਨਾਮ ਦਰਜ ਨਹੀਂ ਕਰਵਾਇਆ, ਉਹ ਵੋਟਰ ਸੂਚੀਆਂ ਵਿਚ ਆਪਣਾ ਨਾਮ ਦਰਜ ਕਰਵਾ ਸਕਣ, ਇਸ ਲਈ ਕਮਿਸ਼ਨ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ।